# ਸਰਕਾਰੀ ਮੈਡੀਕਲ ਕਾਲਜ ਪਟਿਆਲਾ

ਨੰ:1(4022)ਈ1/2025/ 9731 **ਦਫਤਰੀ ਹੁਕਮ** ਮਿਤੀ- 12/3/25

ਪੰਜਾਬ ਸਰਕਾਰ, ਮੈਡੀਕਲ ਸਿਖਿਆ ਤੇ ਖੋਜ ਵਿਭਾਗ (ਸਿਹਤ-3 ਸ਼ਾਖਾ) ਵੱਲੋਂ ਜਾਰੀ ਨੋਟੀਫਿਕੇਸ਼ਨ ਨੰ: 1/70/2008-2ਐਚਬੀ3(ਪੀਐਫ-1)/2268 ਮਿਤੀ 23.08.2022 ਰਾਹੀਂ ਜਾਰੀ ਹਦਾਇਤਾਂ/ਅਧਿਕਾਰਾਂ ਦੇ ਸਨਮੁੱਖ ਇਸ ਦਫਤਰ ਵੱਲੋਂ ਇਸ ਸੰਸਥਾ ਦੇ ਵੱਖ-ਵੱਖ ਵਿਭਾਗਾਂ ਵਿੱਚ ਸੀਨੀਅਰ ਰੈਜੀਡੈਂਟ ਡਾਕਟਰਾਂ ਦੀ ਖਾਲੀ ਆਸਾਮੀਆਂ ਦੀ ਚੋਣ ਕਰਨ ਲਈ ਲੀਡਿੰਗ ਅਖਬਾਰਾਂ ਅਤੇ ਸੰਸਥਾ ਦੀ ਵੈਬ-ਸਾਈਟ ਤੇ ਵਿਗਿਆਪਨ ਨੰ: ਡੀ.ਪੀ.ਆਰ/ਪੀਬੀ/41051 ਅਤੇ ਡੀ.ਪੀ.ਆਰ/ਐਨ.ਏ/12/27678/2023/41051 ਮਿਤੀ 24.01.2025 ਨੂੰ ਪ੍ਰਕਾਸ਼ਿਤ ਕਰਦੇ ਹੋਏ ਬਿਨੈਕਾਰਾਂ ਪਾਸੋਂ ਸੀਨੀਅਰ ਰੈਜੀਡੈਂਟ ਦੀਆਂ ਖਾਲੀ ਆਸਾਮੀਆਂ ਭਰਨ ਲਈ ਮਿਤੀ 10.02.2025 ਤੱਕ ਅਰਜੀਆਂ ਦੀ ਮੰਗ ਕੀਤੀ ਗਈ ਸੀ। ਨਿਰਧਾਰਿਤ ਮਿਤੀ ਤੱਕ ਬਿਨੈਕਾਰਾਂ ਪਾਸੋਂ ਪ੍ਰਾਪਤ ਅਰਜੀਆਂ ਘੋਖਣ ਉਪਰੰਤ ਸੀਨੀਅਰ ਰੈਜੀਡੈਂਟ ਦੀ ਚੋਣ ਕਰਨ ਲਈ ਇਸ ਸੰਸਥਾ ਦੀ ਸਲੈਕਸ਼ਨ ਕਮੇਟੀ ਵੱਲੋਂ ਕੀਤੀਆਂ ਗਈਆਂ ਸਿਫਾਰਸ਼ਾਂ ਦੇ ਸਨਮੁੱਖ ਯੋਗ ਪਾਏ ਗਏ ਨਿਮਨ ਦਰਸਾਏ ਬਿਨੈਕਾਰਾਂ ਦੀ ਉਨ੍ਹਾਂ ਦੇ ਨਾਵਾਂ ਸਾਹਮਣੇ ਦਰਸਾਏ ਵਿਭਾਗਾਂ ਵਿੱਚ ਇਸ ਸੰਸਥਾ ਵਿਖੇ ਬਤੌਰ ਸੀਨੀਅਰ ਰੈਜੀਡੈਂਟ 03 ਸਾਲ ਦੇ ਟੈਨਿਓਰ ਲਈ ਹੇਠ ਲਿਖੀਆਂ ਸ਼ਰਤਾਂ ਅਨੁਸਾਰ ਚੋਣ ਕੀਤੀ ਜਾਂਦੀ ਹੈ:-

1) ਸੀਨੀਅਰ ਰੈਜੀਡੈਂਸੀ ਲਈ ਚੁਣੇ ਗਏ ਡਾਕਟਰ ਚੋਣ ਦੇ ਹੁਕਮ ਇਸ ਸੰਸਥਾ ਦੀ ਵੈਬ ਸਾਈਟ (www.gmcpatiala.edu.in) ਤੇ Upload ਹੋਣ ਦੀ ਮਿਤੀ ਤੋਂ 15 ਦਿਨਾਂ ਦੇ ਅੰਦਰ-ਅੰਦਰ ਇਸ ਸੰਸਥਾ ਦੇ ਦਫਤਰ ਵਿਖੇ ਹਾਜਰੀ ਰਿਪੋਰਟ ਪੇਸ਼ ਕਰਨਗੇ ਅਤੇ ਜੁਆਇਨਿੰਗ ਸਮਾਂ ਪੂਰਾ ਹੋਣ ਉਪਰੰਤ ਜੁਆਇਨਿੰਗ ਸਮੇ ਵਿਚ ਕਿਸੇ ਵੀ ਤਰ੍ਹਾਂ ਦੇ ਵਾਧੇ ਦੀ ਮੰਗ ਨਹੀਂ ਕੀਤੀ ਜਾਵੇਗੀ।
2) ਚੁਣੇ ਗਏ ਉਮੀਦਵਾਰ ਦੀ ਜਿਸ ਵਿਭਾਗ ਵਿਚ ਸੀਨੀਅਰ ਰੈਜੀਡੈਂਟ ਚੋਣ ਕੀਤੀ ਗਈ ਹੈ ਉਹ ਅੰਤਿਮ ਹੋਵੇਗੀ।
3) ਚੁਣੇ ਗਏ ਉਮੀਦਵਾਰਾਂ ਤੇ ਸਰਕਾਰ ਦੀ ਨੋਟੀਫਿਕੇਸ਼ਨ ਨੰ: 1/70/2008-2ਐਚਬੀ3(ਪੀਐਫ-1)/2268 ਮਿਤੀ 23.08.2022 ਅਤੇ ਨੋਟੀਫਿਕੇਸ਼ਨ ਮੀਮੋ ਨੰ: ਐਮ.ਈ.ਆਰ-ਐਚ.ਟੀ.ਐਚ307ਏ/125/2021-6 ਐਚ.ਬੀ3/ 2327-32 ਮਿਤੀ 26.08.2022 ਵਿਚ ਦਰਸਾਈਆਂ ਸ਼ਰਤਾਂ/ਨਿਯਮ ਲਾਗੂ ਹੋਣਗੇ।
4) ਚੁਣੇ ਗਏ ਉਮੀਦਵਾਰਾਂ ਨੂੰ ਡਾਕੂਮੈਂਟਸ ਵੈਰੀਫਿਕੇਸ਼ਨ/ਯੋਗਤਾ ਚੈਕ ਕਰਨ ਉਪਰੰਤ ਹੀ ਜੁਆਇੰਨ ਕਰਵਾਇਆ ਜਾਵੇਗਾ ਜੇਕਰ ਉਮੀਦਵਾਰ ਦੇ ਦਸਤਾਵੇਜ਼ ਗਲਤ ਪਾਏ ਜਾਂਦੇ ਹਨ ਜਾਂ ਸੀਨੀਅਰ ਰੈਜੀਡੈਂਸੀ ਦੀ ਯੋਗਤਾ ਪੂਰੀ ਨਹੀਂ ਹੁੰਦੀ ਤਾਂ ਉਸ ਉਮੀਦਵਾਰ ਦੀ ਚੋਣ ਰੱਦ ਸਮਝੀ ਜਾਵੇਗੀ।
5) ਕੈਟਾਗਰੀ 1 ਤੋ 5 ਤੱਕ ਦੇ ਡਾਕਟਰ ਆਪਣੀ ਜੁਆਇਨਿੰਗ ਸਮੇਂ ਪਿੱਤਰੀ ਵਿਭਾਗ ਤੋਂ ਜਾਰੀ ਫਾਰਮਲ ਐਨ.ਓ.ਸੀ ਪੇਸ਼ ਕਰਨਗੇ ਅਤੇ ਪਿੱਤਰੀ ਵਿਭਾਗ ਪਾਸੋਂ ਫਾਰਮਲ ਐਨ.ਓ.ਸੀ ਪੇਸ਼ ਕਰਨ ਦੀ ਸੂਰਤ ਵਿੱਚ ਹੀ ਹਾਜਰ ਕਰਵਾਇਆ ਜਾਵੇਗਾ।
6) ਸੀਨੀਅਰ ਰੈਜੀਡੈਂਸੀ ਲਈ ਚੁਣੇ ਗਏ ਉਮੀਦਵਾਰਾਂ ਵਿਚੋਂ ਜੇਕਰ ਕੋਈ ਉਮੀਦਵਾਰ ਇਸ ਤੋਂ ਪਹਿਲਾਂ ਪੰਜਾਬ ਸਰਕਾਰ ਅਧੀਨ ਕਿਸੇ ਵੀ ਸੰਸਥਾ ਵਿਖੇ ਬਾਂਡਿਡ ਡਾਕਟਰ ਵੱਜੋਂ ਸੀਨੀਅਰ ਰੈਜੀਡੈਂਸੀ ਕਰ ਰਿਹਾ ਹੈ ਤਾ ਉਸ ਡਾਕਟਰ ਵੱਲੋਂ ਇਸ ਸੰਸਥਾ ਵਿਖੇ ਸੀਨੀਅਰ ਰੈਜੀਡੈਂਸੀ ਲਈ ਹਾਜਰ ਹੋਣ ਸਮੇ ਇਤਰਾਜਹੀਣਤਾ ਸਰਟੀਫਿਕੇਟ ਪੇਸ਼ ਕੀਤਾ ਜਾਵੇਗਾ ਕਿ ਉਹ ਜਿਸ ਸੰਸਥਾ ਵਿਖੇ ਸੀਨੀਅਰ ਰੈਜੀਡੈਂਸੀ ਕਰ ਰਿਹਾ ਹੈ, ਉਸ ਸੰਸਥਾ ਨੂੰ ਡਾਕਟਰ ਦੇ ਇਸ ਸੰਸਥਾ ਵਿਖੇ ਸੀਨੀਅਰ ਰੈਜੀਡੈਂਸੀ ਕਰਨ ਤੇ ਕੋਈ ਇਤਰਾਜ ਨਹੀਂ ਹੈ ਅਤੇ ਇਸ ਤੋਂ ਇਲਾਵਾ ਪੰਜਾਬ ਸਰਕਾਰ ਪਾਸ ਜੇਕਰ ਸ਼ਿਓਰਟੀ ਬਾਂਡ ਭਰਿਆ ਗਿਆ ਜਾਂ ਨਹੀ ਸਬੰਧੀ ਵੀ ਸਵੈ ਘੋਸ਼ਣਾ ਦਿੱਤੀ ਜਾਵੇਗੀ।
7) ਕੋਈ ਵੀ ਉਮੀਦਵਾਰ ਜੋਕਿ ਪਹਿਲਾਂ ਹੀ ਬਾਂਡਿਡ ਉਮੀਦਵਾਰ ਵਜੋਂ ਕੈਟਾਗਰੀ-6 ਅਧੀਨ ਸੀਨੀਅਰ ਰੈਂਜੀਡੈਂਸੀ ਕਰ ਰਿਹਾ ਹੈ ਦਾ ਤਿੰਨ ਸਾਲ ਦਾ ਸੀਨੀਅਰ ਰੈਂਜੀਡੈਂਸੀ ਦਾ ਸਮਾਂ ਬਾਂਡਿਡ ਉਮੀਦਵਾਰ ਵਜੋਂ ਸੀਨੀਅਰ ਰੈਂਜੀਡੈਂਸੀ ਦੇ ਸਮੇਂ 1/2 ਸਾਲ ਨੂੰ ਮਿਲਾ ਕੇ ਤਿੰਨ ਸਾਲ ਤੋਂ ਵੱਧ ਨਹੀਂ ਹੋਵੇਗਾ।

| S.No. | Name of Doctors | Father / Husband Name | Category (1 to 5 & 7) |
|---|---|---|---|
| | **Community Medicine** | | |
| 1 | Dr. Akash Setia | Sh. Surinder Kumar Setia | 7 |
| | **Forensic Medicine** | | |
| 1 | Dr. Haninder Singh Medical Officer, Merit No. 224/BC/2010, Civil Hospital, Samana, Distt. Patiala | Sh. Amarnath | 1 |
| | **Paediatrics** | | |
| 1 | Dr. Punita Rani | Sh. Jagdish Chander | 7 |
| | **Plastic Surgery** | | |
| 1 | Dr. Gagandeep Kaur | Sh. Palwinder Singh | 7 |

| | | | |
|---|---|---|---|
| **Urology** | | | |
| 1 | Dr. Manjeet Kaur Rait | Sh. Harjinder Singh | 7 |
| **Psychiatry** | | | |
| 1 | Dr. Gagandeep Ahuja | Sh. Parkash Chand Ahuja | 7 |
| 2 | Dr. Punam Shekhar | Sh. Mr. Chander Shekhar | 7 |
| **Radiodiagnosis** | | | |
| 1 | Dr. Richee Kaler Medical Officer, Merit No. 220/BC/2016, Civil Hospital, Mansa | Sh. Bikramjit Singh | 1 |
| **Radiotherapy** | | | |
| 1 | Dr. Priya Gupta | Sh. Sumit Goyal | 7 |
| **Skin & VD** | | | |
| 1 | Dr. Shailija Pandita | Sh. Ashok Kumar | 7 |
| **Surgery** | | | |
| 1 | Dr. Parveen Kumar Medical Officer, Merit No. 293/GC/2015, Civil Hospital, Mansa | Sh. Rajendra Singh Punia | 1 |
| **Neurology** | | | |
| 1 | Dr. Satinder Kaur Sahni | Sh. Zorawar Singh Saini | 7 |

12/3/25

ਡਾਇਰੈਕਟਰ ਪ੍ਰਿੰਸੀਪਲ,
ਸਰਕਾਰੀ ਮੈਡੀਕਲ ਕਾਲਜ, ਪਟਿਆਲਾ

ਤੇਜਿੰਦਰ ਸਿੰਘ ਸੁਪਰਡੰਟ 12/3/25 | ਵਿਕਰਮ ਸਿੰਘ ਸੀਨੀਅਰ ਸਹਾਇਕ | ਸਾਹਿਲ ਕਲਰਕ

ਪਿੱ:ਅੰ:ਨੰ:1(4022)ਈ1/2025/ 9732-9760

ਮਿਤੀ- 12/3/25

ਉਪਰੋਕਤ ਦਾ ਉਤਾਰਾ ਹੇਠ ਲਿਖਿਆ ਨੂੰ ਸੂਚਨਾ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:-

1. ਮਾਨਯੋਗ ਪ੍ਰਮੁੱਖ ਸਕੱਤਰ, ਪੰਜਾਬ ਸਰਕਾਰ, ਮੈਡੀਕਲ ਸਿੱਖਿਆ ਅਤੇ ਖੋਜ ਵਿਭਾਗ, ਚੰਡੀਗੜ੍ਹ।
2. ਮਾਨਯੋਗ ਪ੍ਰਮੁੱਖ ਸਕੱਤਰ, ਪੰਜਾਬ ਸਰਕਾਰ, ਸਿਹਤ ਤੇ ਪਰਿਵਾਰ ਭਲਾਈ ਵਿਭਾਗ, ਪੰਜਾਬ, ਚੰਡੀਗੜ੍ਹ।
3. ਡਾਇਰੈਕਟਰ, ਖੋਜ ਤੇ ਮੈਡੀਕਲ ਸਿੱਖਿਆ, ਪੰਜਾਬ, ਐਸ.ਏ.ਐਸ.ਨਗਰ (ਮੋਹਾਲੀ)।
4. ਡਾਇਰੈਕਟਰ, ਸਿਹਤ ਤੇ ਪਰਿਵਾਰ ਭਲਾਈ ਵਿਭਾਗ, ਪੰਜਾਬ, ਚੰਡੀਗੜ੍ਹ।
5. ਡਾਇਰੈਕਟਰ, ਨੈਸ਼ਨਲ ਹੈਲਥ ਮਿਸ਼ਨ, ਪੰਜਾਬ, ਚੰਡੀਗੜ੍ਹ।
6. ਡਾਇਰੈਕਟਰ, ਰੂਰਲ ਡਿਵੈਲਪਮੈਂਟ ਅਤੇ ਪੰਚਾਇਤ, ਮੋਹਾਲੀ।
7. ਮਹਾਂਲੇਖਾਕਾਰ (ਆਡਿਟ), ਪੰਜਾਬ, ਚੰਡੀਗੜ੍ਹ।
8. ਰਜਿਸਟਰਾਰ, ਬਾਬਾ ਫਰੀਦ ਯੂਨਿਵਰਸਿਟੀ ਆਫ ਹੈਲਥ ਸਾਇੰਸਿਜ਼, ਫਰੀਦਕੋਟ।
9. ਡਾਇਰੈਕਟਰ ਪ੍ਰਿੰਸੀਪਲ, ਸਰਕਾਰੀ ਮੈਡੀਕਲ ਕਾਲਜ, ਅੰਮ੍ਰਿਤਸਰ।
10. ਡਿਪਟੀ ਕੰਟਰੋਲਰ (ਵਿੱਤ ਤੇ ਲੇਖਾ), ਸਰਕਾਰੀ ਮੈਡੀਕਲ ਕਾਲਜ, ਪਟਿਆਲਾ।
11. ਇਸ ਸੰਸਥਾ ਦੇ ਵੱਖ ਵੱਖ ਵਿਭਾਗਾਂ ਦੇ ਪ੍ਰੋਫੈਸਰ ਤੇ ਮੁੱਖੀਆਂ ਨੂੰ ਭੇਜਦੇ ਹੋਏ ਲਿਖਿਆ ਜਾਂਦਾ ਹੈ ਕਿ ਕਿਸੇ ਵੀ ਉਪਰੋਕਤ ਚੁਣੇ ਗਏ ਉਮੀਦਵਾਰ ਨੂੰ ਸਿੱਧੇ ਤੌਰ ਤੇ ਬਤੌਰ ਸੀਨੀਅਰ ਰੈਜੀਡੈਂਟ ਹਾਜਰ ਨਾ ਕਰਵਾਇਆ ਜਾਵੇ।
12. ਪ੍ਰੋਫੈਸਰ ਤੇ ਮੁੱਖੀ ਕਮ ਚੇਅਰਮੈਨ ਮੈਡੀਕਲ ਬੋਰਡ, ਅਨਾਟਮੀ ਵਿਭਾਗ, ਸਰਕਾਰੀ ਮੈਡੀਕਲ ਕਾਲਜ, ਪਟਿਆਲਾ ਨੂੰ ਸੂਚਨਾ ਹਿੱਤ ਭੇਜਿਆ ਜਾਂਦਾ ਹੈ।
13. ਇਸ ਸੰਸਥਾ ਦੇ ਵੱਖ ਵੱਖ ਵਿਭਾਗਾਂ ਵਿਚ ਸੀਨੀਅਰ ਰੈਜੀਡੈਂਸੀ ਲਈ ਚੁਣੇ ਗਏ ਉਪਰੋਕਤ ਡਾਕਟਰਾਂ ਨੂੰ ਇਹ ਹੁਕਮ ਉਹਨਾਂ ਦੀ ਈ.ਮੇਲ ਪਤੇ ਤੇ ਭੇਜੇ ਜਾਂਦੇ ਹਨ।

12/3/25

ਡਾਇਰੈਕਟਰ ਪ੍ਰਿੰਸੀਪਲ,
ਸਰਕਾਰੀ ਮੈਡੀਕਲ ਕਾਲਜ, ਪਟਿਆਲਾ

ਤੇਜਿੰਦਰ ਸਿੰਘ ਸੁਪਰਡੰਟ 12/3/25 | ਵਿਕਰਮ ਸਿੰਘ ਸੀਨੀਅਰ ਸਹਾਇਕ | ਸਾਹਿਲ ਕਲਰਕ